# ਬ੍ਰੈਂਪਟਨ ਟ੍ਰਾਂਜ਼ਿਟ ਦੀਆਂ ਸਵਾਰੀਆਂ ਨੂੰ ਬੱਸਾਂ, ਬਸ ਸਟੌਪਸ ਅਤੇ ਟਰਮੀਨਲਾਂ ਤੇ ਗੈਰ-ਮੈਡੀਕਲ ਮਾਸਕ ਪਹਿਣਨ ਦੀ ਸਲਾਹ ਦਿੱਤੀ ਗਈ

ਬ੍ਰੈਂਪਟਨ, ਓਨਟੈਰੀਓ (22 ਮਈ, 2020) – ਓਨਟੈਰੀਓ (Ontario) ਸਰਕਾਰ ਅਤੇ ਰੀਜਨ ਆਫ ਪੀਲ (Region of Peel) ਨੇ ਹੁਣ ਸਲਾਹ ਦਿੱਤੀ ਹੈ ਕਿ ਜੋ ਲੋਕ ਪਬਲਿਕ ਟ੍ਰਾਂਜ਼ਿਟ ਤੇ ਸਫਰ ਕਰਦੇ ਹਨ, ਉਹ ਸਫ਼ਰ ਕਰਨ ਵੇਲੇ ਗੈਰ-ਮੈਡੀਕਲ ਮਾਸਕ (ਕੱਪੜੇ ਦੇ ਬਣੇ ਸਧਾਰਨ ਮਾਸਕ) ਪਹਿਣਨ, ਜਿੱਥੇ ਸਰੀਰਕ ਦੂਰੀ ਰੱਖਣਾ ਮੁਸ਼ਕਲ ਹੋ ਸਕਦਾ ਹੈ। ਨਿਵਾਸੀਆਂ ਅਤੇ ਸਟਾਫ਼ ਦੀ ਸਿਹਤ ਅਤੇ ਸੁਰੱਖਿਆ, ਸਿਟੀ ਲਈ ਸਭ ਤੋਂ ਵੱਧ ਮਹੱਤਵਪੂਰਣ ਹੈ। ਸਵਾਰੀਆਂ ਨੂੰ ਪੂਰੇ ਜ਼ੋਰ ਨਾਲ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਕੋਵਿਡ-19 (COVID-19) ਦੇ ਕਾਰਨ, ਬ੍ਰੈਂਪਟਨ ਟ੍ਰਾਂਜ਼ਿਟ (Brampton Transit) ਦੀਆਂ ਬੱਸਾਂ ਤੇ ਅਤੇ ਬਸ ਸਟੌਪਸ ਅਤੇ ਟਰਮੀਨਲਾਂ ਤੇ ਗੈਰ-ਮੈਡੀਕਲ ਮਾਸਕ ਪਹਿਣਨ।

ਸਵਾਰੀਆਂ ਨੂੰ ਯਾਦ ਕਰਾਇਆ ਜਾਂਦਾ ਹੈ ਕਿ ਉਹ ਟਰਮੀਨਲਾਂ ਅਤੇ ਬਸ ਸਟੌਪਸ ਤੇ ਹੋਣ ਵੇਲੇ ਅਤੇ ਬੱਸਾਂ ਤੇ ਚੜ੍ਹਦੇ ਸਮੇਂ, ਦੂਜਿਆਂ ਤੋਂ ਛੇ ਫੁੱਟ (2 ਮੀਟਰ) ਦੂਰ ਰਹਿ ਕੇ ਸਰੀਰਕ ਦੂਰੀ ਕਾਇਮ ਰੱਖਣ।

ਗੈਰ-ਮੈਡੀਕਲ ਮਾਸਕਾਂ ਸਬੰਧੀ ਹੋਰ ਜਾਣਕਾਰੀ ਲਈ, ਰੀਜਨ ਆਫ ਪੀਲ ਦੀ ਵੈਬਸਾਈਟ (website) ਅਤੇ ਓਨਟੈਰੀਓ ਸਰਕਾਰ ਦੀ ਵੈਬਸਾਈਟ (website) ਤੇ ਜਾਓ।

**ਕੋਵਿਡ-19 ਤੋਂ ਸੁਰੱਖਿਆ ਸਬੰਧੀ ਉਪਾਅ**

ਵੱਧ ਵਾਰ ਸਫਾਈ ਅਤੇ ਸੈਨੀਟਾਈਜ਼ ਕਰਨ ਦਾ ਸ਼ੈਡਿਊਲ ਪਹਿਲਾਂ ਵਾਂਗ ਹੀ ਪ੍ਰਭਾਵੀ ਰਹੇਗਾ। ਹਰ 48 ਘੰਟਿਆਂ ਵਿੱਚ ਸਾਰੀਆਂ ਠੋਸ ਸਤ੍ਹਾਵਾਂ, ਓਪਰੇਟਰ ਕੰਪਾਰਮੈਂਟਸ ਅਤੇ ਸੀਟਾਂ ਨੂੰ ਰੋਗਾਣੂ ਮੁਕਤ ਕਰਨਾ, ਬ੍ਰੈਂਪਟਨ ਟ੍ਰਾਂਜ਼ਿਟ ਦਾ ਟੀਚਾ ਹੈ। ਇਸ ਵੇਲੇ ਜ਼ਿਆਦਾਤਰ ਬੱਸਾਂ ਨੂੰ ਹਰੇਕ 24 ਘੰਟਿਆਂ ਵਿੱਚ ਸੈਨੀਟਾਈਜ਼ ਕੀਤਾ ਜਾ ਰਿਹਾ ਹੈ। ਜਿਹਨਾਂ ਫੈਸਿਲਿਟੀਜ ਅਤੇ ਟਰਮੀਨਲਾਂ ਦੀਆਂ ਠੋਸ ਸਤ੍ਹਾਵਾਂ ਹਨ, ਉਹਨਾਂ ਨੂੰ ਰੋਜ਼ਾਨਾ ਪੂੰਝਿਆ ਜਾ ਰਿਹਾ ਹੈ ਅਤੇ ਸੈਨੀਟਾਈਜ਼ ਕੀਤਾ ਜਾ ਰਿਹਾ ਹੈ। ਸਵਾਰੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸਫ਼ਰ ਕਰਦੇ ਸਮੇਂ ਹੈਂਡ ਸੈਨੀਟਾਈਜ਼ਰ ਜਾਂ ਵਾਈਪਸ ਜਿਹੇ, ਖੁਦ ਦੇ ਰੋਗਾਣੂ-ਨਾਸ਼ਕ ਪਦਾਰਥ ਆਪਣੇ ਨਾਲ ਰੱਖਣ ਅਤੇ ਵਾਰ-ਵਾਰ ਆਪਣੇ ਹੱਥ ਧੋਣ।

ਸਿਟੀ ਆਫ ਬ੍ਰੈਂਪਟਨ, ਜੋਖਮਾਂ ਦਾ ਲਗਾਤਾਰ ਨਿਰੀਖਣ ਕਰਨ ਲਈ ਪੀਲ ਪਬਲਿਕ ਹੈਲਥ (Peel Public Health) ਅਤੇ ਬ੍ਰੈਂਪਟਨ ਐਮਰਜੈਂਸੀ ਮੈਨੇਜਮੈਂਟ ਆਫਿਸ (Brampton Emergency Management Office) ਵਿਖੇ ਆਪਣੇ ਭਾਈਵਾਲਾਂ ਦੇ ਨਾਲ ਮਿਲ ਕੇ ਕੰਮ ਕਰ ਰਹੀ ਹੈ। ਨਿਯਮਿਤ ਅੱਪਡੇਟਾਂ ਲਈ www.brampton.ca/covid19 ਤੇ ਜਾਓ ਅਤੇ ਸੇਵਾ ਅੱਪਡੇਟਾਂ ਲਈ bramptontransit.com ਤੇ ਜਾਓ ਜਾਂ Twitter ਤੇ @bramptontransit ਨੂੰ ਫਾੱਲੋ ਕਰੋ। ਸਵਾਲ ਸਿੱਧੇ ਬ੍ਰੈਂਪਟਨ ਟ੍ਰਾਂਜ਼ਿਟ ਦੇ ਸੰਪਰਕ ਕੇਂਦਰ (Contact Centre) ਵਿਖੇ 905.874.2999 ਤੇ ਪੁੱਛੇ ਜਾ ਸਕਦੇ ਹਨ।

**ਹਵਾਲੇ**

"ਸਿਟੀ ਵਿੱਚ ਸਾਡੇ ਭਾਈਚਾਰੇ ਦੀ ਸਿਹਤ ਅਤੇ ਸੁਰੱਖਿਆ ਸਾਡੇ ਲਈ ਸਭ ਤੋਂ ਵੱਧ ਮਹੱਤਵਪੂਰਣ ਹੈ। ਮੈਂ ਬ੍ਰੈਂਪਟਨ ਟ੍ਰਾਂਜ਼ਿਟ ਦੀਆਂ ਸਾਰੀਆਂ ਸਵਾਰੀਆਂ ਨੂੰ

ਬੇਨਤੀ ਕਰਦਾ ਹਾਂ ਕਿ ਉਹ ਓਨਟੈਰੀਓ ਸਰਕਾਰ ਅਤੇ ਰੀਜਨ ਆਫ ਪੀਲ ਦੀ ਸਲਾਹ ਦੀ ਪਾਲਣਾ ਕਰਨ ਅਤੇ ਬੱਸਾਂ ਤੇ, ਬੱਸ ਸਟੌਪਸ ਅਤੇ ਟਰਮੀਨਲਾਂ ਤੇ ਗੈਰ-ਮੈਡੀਕਲ ਮਾਸਕ ਪਹਿਣਨ। ਇਕੱਠੇ ਮਿਲ ਕੇ, ਅਸੀਂ ਲਗਾਤਾਰ ਕੋਵਿਡ-19 ਦੇ ਫੈਲਣ ਦਾ ਮੁਕਾਬਲਾ ਕਰਨਾ ਜਾਰੀ ਰੱਖ ਸਕਦੇ ਹਾਂ।"

- *ਪੈਟਰਿਕ ਬ੍ਰਾਊਨ (Patrick Brown), ਮੇਅਰ, ਸਿਟੀ ਆਫ ਬ੍ਰੈਂਪਟਨ*

"ਸਿਟੀ ਆਫ ਬ੍ਰੈਂਪਟਨ, ਬ੍ਰੈਂਪਟਨ ਟ੍ਰਾਂਜ਼ਿਟ ਸਵਾਰੀਆਂ ਲਈ ਸੁਰੱਖਿਅਤ ਟ੍ਰਾਂਜ਼ਿਟ ਸਵਾਰੀ ਅਤੇ ਸਾਡੇ ਟ੍ਰਾਂਜ਼ਿਟ ਓਪਰੇਟਰਾਂ ਲਈ ਇੱਕ ਸੁਰੱਖਿਅਤ ਕਾਰਜ ਸਥਾਨ ਪ੍ਰਦਾਨ ਕਰਨ ਲਈ ਸਮਰਪਿਤ ਹੈ। ਸਵਾਰੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ, ਸਾਡੇ ਭਾਈਚਾਰੇ ਦੀ ਸਿਹਤ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਓਨਟੈਰੀਓ ਸਰਕਾਰ ਅਤੇ ਰੀਜਨ ਆਫ ਪੀਲ ਪਬਲਿਕ ਹੈਲਥ ਦੀ ਸਲਾਹ ਦੀ ਪਾਲਣਾ ਕਰਨ।"

- *ਡੇਵਿਡ ਬੈਰਿਕ (David Barrick), ਚੀਫ ਐਡਮਿਨਿਸਟ੍ਰੇਟਿਵ ਅਫਸਰ, ਸਿਟੀ ਆਫ ਬ੍ਰੈਂਪਟਨ*

-30-

**ਮੀਡੀਆ ਸੰਪਰਕ**
ਮੋਨਿਕਾ ਦੁੱਗਲ (Monika Duggal)
ਕੋਆਰਡੀਨੇਟਰ, ਮੀਡੀਆ ਐਂਡ ਕਮਿਊਨਿਟੀ ਐਨਗੇਜਮੈਂਟ
ਸਟ੍ਰੈਟਜਿਕ ਕਮਿਊਨਿਕੇਸ਼ਨ
ਸਿਟੀ ਆਫ ਬ੍ਰੈਂਪਟਨ
905-874-3426 | Monika.Duggal@brampton.ca